ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ. 2, ਲੋ.ਨਿ.ਵਿ., ਭ ਤੇ ਮ ਸ਼ਾਖਾ, ਪਟਿਆਲਾ,
ਚੌਥੀ ਮੰਜਿਲ, ਬਲਾਕ-ਸੀ, ਮਿਨੀ ਸਕੱਤਰੇਤ, ਪਟਿਆਲਾ।
**Email id : eepd2ptapwdpb@gmail.com Tel. No. 0175-5192970**

---

ਵੱਲ

Principal
Our lady Fatima School,
Assarpur, Distt. Patiala.

ਮੀਮੋ ਨੰ. 1987 ਮਿਤੀ. 17/6/25

ਵਿਸ਼ਾ:- **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ (ਸਾਲ 2025-26)।**

ਹਵਾਲਾ:- ਆਪ ਦਾ ਬਿਨੈ ਪੱਤਰ ਨੰ. OLF/PTA/04/2025 ਮਿਤੀ 22.05.2025

ਉਪਰੋਕਤ ਵਿਸ਼ੇ ਸਬੰਧੀ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.5, ਲੋ.ਨਿ.ਵਿ., ਭ ਤੇ ਮ ਸ਼ਾਖਾ, ਪਟਿਆਲਾ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਰਿਪੋਰਟ ਅਨੁਸਾਰ ਸਕੂਲ ਬਿਲਡਿੰਗ ਵੇਖਣ ਵਿੱਚ ਸੁਰੱਖਿਅਤ ਜਾਪਦੀ ਹੈ ਅਤੇ ਆਮ ਵਰਤੋਂ ਲਈ ਦੁਰੱਸਤ ਹੈ। ਜਿਸ ਦਾ ਸੇਫਟੀ ਸਰਫੀਫਿਕੇਟ ਸਾਲ 2022-23 ਵਿੱਚ ਇਸ ਦਫਤਰ ਦਾ ਪੱਤਰ ਨੰ.5142 ਮਿਤੀ 07.10.2022 ਨਾਲ ਪਹਿਲਾਂ ਹੀ ਜਾਰੀ ਕੀਤਾ ਸੀ, ਜਿਸ ਵਿੱਚ ਇਮਾਰਤ ਦਾ ਕਵਰਡ ਏਰੀਆ 65,200 ਵ:ਫੁ: ਸੀ (50,000 ਤੋਂ 1,00,000 ਵ:ਫੁ: ਵਿਚਕਾਰ)ਸੀ, ਹੁਣ ਸਕੂਲ ਅਥਾਰਟੀ ਵੱਲੋਂ 2024 ਵਿਚ ਚੋਥੀ ਮੰਜਿਲ ਦੀ ਨਵੀਂ ਉਸਾਰੀ ਕੀਤੀ ਗਈ ਹੈ ਜਿਸ ਉਪਰੰਤ ਇਮਾਰਤ ਦਾ ਕਵਰਡ ਏਰੀਆ 18138 ਵ:ਫੁ: ਜੋ ਕਿ ਕੁਲ ਮਿਲਾਕੇ ਹੁਣ (18138+65200= 83338 ਵ:ਫੁ:) ਬਣਦਾ ਹੈ ਜੋ ਕਿ 50,000 ਤੋਂ 1,00,000 ਵ:ਫੁ: ਵਿਚਕਾਰ ਹੀ ਹੈ ਅਤੇ ਇਹ ਇਮਾਰਤ ਆਰ.ਸੀ.ਸੀ ਸਟਰੱਕਚਰ ਦੀ ਬਣੀ ਹੋਈ ਹੈ। ਜਿਸ ਦੇ ਸਨਮੁੱਖ ਉਪ ਮੰਡਲ ਇੰਜੀਨੀਅਰ ਵਲੋਂ ਬਿਨੈਕਾਰ ਤੋਂ ਪਹਿਲਾਂ ਜਮ੍ਹਾਂ ਕਰਵਾਈ ਗਈ ਫੀਸ ਨਾਲ ਹੀ ਸੇਫਟੀ ਸਰਟੀਫਿਕੇਟ ਮਿਤੀ 31.03.2032 ਤੱਕ ਜਾਰੀ ਕਰਨ ਦੀ ਸਿਫਾਰਿਸ਼ ਕੀਤੀ ਗਈ ਹੈ।

ਇਸ ਲਈ ਇਹ ਸੇਫਟੀ ਸਰਟੀਫਿਕੇਟ ਆਪ ਨੂੰ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਮਿਤੀ 31.03.2032 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1.) ਜੇ ਸਕੂਲ ਦੀ ਇਮਾਰਤ ਵਿੱਚ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਲਿਆ ਜਾਵੇ।
2.) ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।
3.) ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ.2, ਲੋ.ਨਿ.ਵਿ.,
ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰ. ਮਿਤੀ.

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ ਨੰ.5, ਲੋ.ਨਿ.ਵਿ., ਭ ਤੇ ਮ ਸ਼ਾਖਾ, ਪਟਿਆਲਾ ਨੂੰ ਉਨ੍ਹਾਂ ਦੇ ਪੱਤਰ ਨੰ. 142 ਮਿਤੀ 09.06.2025 ਦੇ ਹਵਾਲੇ ਵਿੱਚ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

-sd/-

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ.2, ਲੋ.ਨਿ.ਵਿ.,
ਭ ਤੇ ਮ ਸ਼ਾਖਾ, ਪਟਿਆਲਾ।